ਫਸਲਾਂ ਦੀ ਰਹਿੰਦ-ਖੂਹਿੰਦ ਨੂੰ ਸਾਂਭਣ ਲਈ ਵਿਸ਼ੇਸ ਕਿਸਾਨ ਸਿਖਲਾਈ ਕੈਂਪ 8 ਸਤੰਬਰ ਨੂੰ

ਤਰਨਤਾਰਨ, 6 ਸਤੰਬਰ :

ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਅਤੇ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸਭਰਵਾਲ ਯੋਗ ਅਗਵਾਈ ਹੇਠ, ਫਸਲਾਂ ਦੀ ਰਹਿੰਦ-ਖੂਹਿੰਦ ਨੂੰ ਸਾਂਭਣ ਲਈ ਵਿਸ਼ੇਸ ਕਿਸਾਨ ਸਿਖਲਾਈ ਕੈਂਪ 8 ਸਤੰਬਰ, ਦਿਨ ਸ਼ੁੱਕਰਵਾਰ ਨੂੰ ਆਰ. ਕੇ. ਰਿਜੋਰਟ ਨੌਸ਼ਹਿਰਾ ਪੰਨੂਆਂ ਵਿਖੇ ਸਵੇਰੇ 10:00 ਵਜੇ  ਲਗਾਇਆ ਜਾ ਰਿਹਾ। ਇਸ ਸਬੰਧੀ ਜਾਣਕਾਰੀ ਦਿੰਦਿਆਂ  ਸ੍ਰੀ ਪ੍ਰਤਾਪ ਸਿੰਘ ਸੰਧੂ ਮੁੱਖ ਖੇਤੀਬਾੜੀ ਅਫਸਰ, ਤਰਨਤਾਰਨ ਨੇ ਦੱਸਿਆ ਕਿ ਇਸ ਕੈਂਪ ਵਿੱਚ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ, ਖੇਤੀਬਾੜੀ ਵਿਭਾਗ ਅਤੇ ਹੋਰ ਵਿਭਾਗਾਂ ਵੱਲੋਂ ਫਸਲਾਂ ਦੀ ਰਹਿੰਦ-ਖੂਹਿੰਦ ਨੂੰ ਸਾਂਭਣ ਸਬੰਧੀ ਕਿਸਾਨਾਂ ਨੂੰ ਤਕਨੀਕੀ ਜਾਣਕਾਰੀ ਦਿੱਤੀ ਜਾਵੇਗੀ।

ਉਹਨਾਂ ਦੱਸਿਆ ਕਿ ਇਸ ਕੈਂਪ ਵਿੱਚ ਲਗਭਗ 500 ਕਿਸਾਨ ਅਤੇ ਕਿਸਾਨ ਔਰਤਾਂ ਪੁੱਜਣਗੇ।ਇਸ ਕੈਂਪ ਵਿੱਚ ਫਸਲਾਂ ਦੀ ਰਹਿੰਦ-ਖੂਹਿੰਦ ਨੂੰ ਸਾਂਭਣ ਲਈ ਮਸ਼ੀਨਰੀ ਦੀਆਂ ਪ੍ਰਦਰਸਨੀਆਂ ਵੀ ਲਗਾਈਆਂ ਜਾਣਗੀਆਂ ਅਤੇ ਰਹਿੰਦ-ਖੂਹਿੰਦ ਨੂੰ ਸਾੜਨ ਦੇ ਨੁਕਸਾਨ ਅਤੇ ਨਾ ਸਾੜਨ ਦੇ ਲਾਭਾਂ ਬਾਰੇ ਲਿਟਰੇਚਰ ਕਿਸਾਨਾਂ ਨੂੰ ਵੰਡਿਆ ਜਾਵੇਗਾ। ਉਹਨਾਂ ਦੱਸਿਆ ਕਿ ਕੈਂਪ ਵਿੱਚ ਆਏ ਕਿਸਾਨਾਂ ਲਈ ਖਾਣੇ ਦਾ ਪ੍ਰਬੰਧ ਵੀ ਕੀਤਾ ਜਾ ਰਿਹਾ ਹੈ।ਉਹਨਾਂ ਕਿਸਾਨ ਵੀਰਾਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਇਸ ਮੇਲੇ ਵਿੱਚ ਵੱਧ ਤੋ ਵੱਧ ਸ਼ਮੂਲੀਅਤ ਕਰਨ ਤਾਂ ਜੋ ਫਸਲਾਂ ਦੀ ਰਹਿੰਦ-ਖੂਹਿੰਦ ਨੂੰ ਸਾਂਭਣ ਸਬੰਧੀ ਉਹਨਾ ਨੂੰ ਤਕਨੀਕੀ ਜਾਣਕਾਰੀ ਮਿਲ ਸਕੇ ।

-------------